# ਵਰਲਡ ਪੰਜਾਬੀ ਟਾਈਮਜ਼

# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 98772-46588, +1 (418) 887-0162

Epaper World Punjabi Times | 09 ਦਸੰਬਰ 2023 ਦਿਨ ਸ਼ਨੀਵਾਰ | ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਇਟਲੀ ਦੇ ਫਾਏਂਸਾ ਸ਼ਹਿਰ ਵਿਖੇ ਦੂਜੀ ਸੰਸਾਰ ਜੰਗ ਦੌਰਾਨ ਸ਼ਹੀਦ ਹੋਏ ਸਿੱਖ ਫ਼ੌਜੀਆਂ ਦਾ ਸ਼ਰਧਾਜਲੀ ਸਮਾਗਮ 16 ਦਸੰਬਰ ਨੂੰ 2023

ਵਰਲਡ ਪੰਜਾਬੀ ਟਾਈਮਜ਼ ਨਵਜੋਤ ਪਨੈਚ ਢੀਂਡਸਾ




ਮਿਲਾਨ, 9 ਦਸੰਬਰ : ਇਟਲੀ ਵਿੱਚ ਪਿਛਲੇ ਲੰਬੇ ਸਮੇਂ ਤੋਂ ਦੂਜੀ ਸੰਸਾਰ ਜੰਗ ਦੌਰਾਨ ਸ਼ਹੀਦ ਹੋਏ ਸਿੱਖ ਫੌਜੀਆਂ ਦੇ ਸ਼ਰਧਾਂਜਲੀ ਸਮਾਗਮ ਕਰਵਾਉਣ ਵਾਲੀ ਸੰਸਥਾ ਵਰਲਡ ਸਿੱਖ ਸ਼ਹੀਦ ਮਿਲਟਰੀ ਯਾਦਗਾਰੀ ਕਮੇਟੀ ਰਜਿਸਟਰਡ ਇਟਲੀ ਵੱਲੋਂ ਇਟਾਲੀਅਨ ਇੰਡੀਅਨ ਪੰਜਾਬੀ ਪ੍ਰੈਸ ਕਲੱਬ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਸਾਲ 2023 ਦਾ ਆਖਰੀ ਸ਼ਰਧਾਂਜਲੀ ਸਮਾਗਮ ਇਟਲੀ ਦੇ ਫਾਏਂਸਾ ਸ਼ਹਿਰ ਵਿਖੇ ਉਥੋਂ ਦੇ ਸਥਾਨਕ ਪ੍ਰਸਾਸਨ ਦੀ ਮਦਦ ਨਾਲ 16 ਦਸੰਬਰ 2023 ਨੂੰ ਕਰਵਾਇਆ ਜਾ ਰਿਹਾ ਹੈ।ਫਾਏਂਸਾ ਸ਼ਹਿਰ ਦੇ ਪਿਆਸਾ ਦੈਲ ਪੋਪੋਲੋ ਵਿਖੇ 16 ਦਸੰਬਰ ਨੂੰ ਸ਼ਹੀਦੀ ਸਮਾਰਕ 'ਤੇ ਸਵੇਰੇ 10.15 ਵਜੇ ਸ਼ਰਧਾਂਜਲੀ ਭੇਟ ਕੀਤੀ ਜਾਵੇਗੀ।ਯਾਦ ਰਹੇ ਕਿ ਇਹ ਪ੍ਰੋਗਰਾਮ ਇਟਾਲੀਅਨ ਤੋਂ ਇਲਾਵਾ ਉਹਨਾਂ ਸਿੱਖ ਫੌਜੀਆਂ ਦੀ ਯਾਦ ਵਿੱਚ ਕਰਵਾਇਆ ਜਾਂਦਾ ਹੈ ਜੋ ਕਿ ਦੂਜੇ ਵਿਸ਼ਵ ਜੰਗ ਦੌਰਾਨ ਫਾਏਂਸਾ ਸ਼ਹਿਰ ਨੂੰ ਆਜ਼ਾਦ ਕਰਵਾਉਣ ਲਈ ਆਪਣੀਆਂ ਜਾਨਾਂ ਕੁਰਬਾਨ ਕਰਦੇ ਹੋਏ ਸਿੱਖ ਧਰਮ ਦਾ ਨਾਮ ਇਟਲੀ ਦੇ ਇਤਿਹਾਸ ਵਿੱਚ ਸੁਨਹਿਰੀ ਅੱਖਰਾਂ ਵਿੱਚ ਦਰਜ ਕਰਵਾ ਗਏ ਸਨ। ਕਮੇਟੀ ਵੱਲੋਂ ਇਟਲੀ ਵਿੱਚ ਵੱਸਦੇ ਸਾਰੇ ਪੰਜਾਬੀ ਅਤੇ ਭਾਰਤੀ ਭਾਈਚਾਰੇ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਇਸ ਸ਼ਰਧਾਂਜਲੀ ਸਮਾਗਮ ਵਿੱਚ ਪਹੁੰਚੋ ਅਤੇ ਇਟਾਲੀਅਨ ਲੋਕਾਂ ਵੱਲੋਂ ਕੀਤੇ ਜਾਂਦੇ ਮਾਣ -ਸਨਮਾਨ ਦੀ ਝਲਕ ਆਪਣੀਆਂ ਨਜ਼ਰਾਂ ਨਾਲ ਵੇਖੋ।

## ਸਾਨੂੰ ਵਿਸ਼ਵਵਿਆਪੀ ਖੁਰਾਕ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਭਾਰਤੀ ਕਿਸਾਨਾਂ ਦਾ ਧੰਨਵਾਦ ਕਰਨਾ ਚਾਹੀਦਾ ਹੈ": ਯੂਰਪੀਅਨ ਯੂਨੀਅਨ ਖੇਤੀਬਾੜੀ ਕਮਿਸ਼ਨਰ

ਵਰਲਡ ਪੰਜਾਬੀ ਟਾਈਮਜ਼



ਨਵੀਂ ਦਿੱਲੀ, 9 ਦਸੰਬਰ : ਵਿਸ਼ਵ ਖੁਰਾਕ ਸੁਰੱਖਿਆ ਪ੍ਰਤੀ ਭਾਰਤੀ ਕਿਸਾਨਾਂ ਦੀ ਭੂਮਿਕਾ ਨੂੰ ਸਵੀਕਾਰ ਕਰਦੇ ਹੋਏ, ਯੂਰਪੀਅਨ ਕਮਿਸ਼ਨ ਫਾਰ ਐਗਰੀਕਲਚਰ, ਜਾਨੁਜ਼ ਵੋਜਸੀਚੋਵਸਕੀ ਨੇ ਕਿਹਾ ਕਿ ਭਾਰਤ ਅਤੇ ਯੂਰਪੀਅਨ ਯੂਨੀਅਨ (ਈਯੂ) ਦੋਵਾਂ ਵਿੱਚ ਵਪਾਰਕ ਸਬੰਧਾਂ ਨੂੰ ਵਧਾਉਣ ਦੀਆਂ ਵੱਡੀਆਂ ਸੰਭਾਵਨਾਵਾਂ ਹਨ।

ਯੂਰਪੀ ਸੰਘ ਦੇ ਅਧਿਕਾਰੀ ਨੇ ਕਿਹਾ ਕਿ ਮੁਕਤ ਵਪਾਰ ਸਮਝੌਤੇ (ਐੱਫ.ਟੀ.ਏ.) ਦੇ ਸਬੰਧ 'ਚ ਚਰਚਾ ਸਕਾਰਾਤਮਕ ਰਹੀ ਹੈ ਅਤੇ ਭੂਗੋਲਿਕ ਸੰਕੇਤਾਂ ਦੀ ਸੁਰੱਖਿਆ ਸੰਬੰਧੀ ਸਮਝੌਤਾ ਭਾਰਤ ਅਤੇ ਯੂਰਪੀ ਸੰਘ ਦੋਹਾਂ ਦੇ ਭੋਜਨ ਉਤਪਾਦਾਂ ਨੂੰ ਉਤਸ਼ਾਹਿਤ ਕਰਨ 'ਚ ਅਹਿਮ ਭੂਮਿਕਾ ਨਿਭਾਏਗਾ।

ਏਐਨਆਈ ਨਾਲ ਗੱਲ ਕਰਦੇ ਹੋਏ ਵੋਜਸੀਚੋਵਸਕੀ ਨੇ ਕਿਹਾ, "ਇਸ ਦੌਰੇ ਦਾ ਮੁੱਖ ਟੀਚਾ ਯੂਰਪੀਅਨ ਯੂਨੀਅਨ ਅਤੇ ਭਾਰਤ ਵਿਚਕਾਰ ਵਪਾਰਕ ਸਬੰਧਾਂ ਨੂੰ ਮਜ਼ਬੂਤ ਕਰਨਾ ਅਤੇ ਬਿਹਤਰ ਬਣਾਉਣਾ ਹੈ, ਅਤੇ ਮੈਂ ਭਾਰਤੀ ਅਧਿਕਾਰੀਆਂ ਅਤੇ ਭਾਰਤੀ ਕਾਰੋਬਾਰਾਂ ਦੇ ਪ੍ਰਤੀਨਿਧੀਆਂ ਨਾਲ ਮੀਟਿੰਗ ਤੋਂ ਬਾਅਦ ਬਹੁਤ ਸੰਤੁਸ਼ਟ ਹਾਂ, ਮੈਂ ਉਨ੍ਹਾਂ ਦੇ ਨਾਲ ਹਾਂ। ਯੂਰਪੀਅਨ ਯੂਨੀਅਨ ਤੋਂ ਭੋਜਨ ਪ੍ਰਣਾਲੀ ਦੇ ਸਭ ਤੋਂ ਮਹੱਤਵਪੂਰਨ ਖੇਤਰ"।

ਉਨ੍ਹਾਂ ਕਿਹਾ ਕਿ ਪਿਛਲੇ ਸਾਲ ਭਾਰਤ ਨੂੰ ਯੂਰਪੀ ਭੋਜਨ ਨਿਰਯਾਤ 1.4 ਬਿਲੀਅਨ ਯੂਰੋ ਸੀ ਅਤੇ ਯੂਰਪੀ ਸੰਘ ਨੂੰ ਭਾਰਤੀ ਆਯਾਤ 3.7 ਬਿਲੀਅਨ ਯੂਰੋ ਸੀ ਅਤੇ ਇਸ ਵਪਾਰ ਨੂੰ ਹੋਰ ਵਧਾਉਣ ਦੀ ਸੰਭਾਵਨਾ ਹੈ।

"ਦੂਸਰਾ ਕਾਰਨ ਖਾਸ ਤੌਰ 'ਤੇ ਮਹੱਤਵਪੂਰਨ ਹੈ ਅਤੇ ਇਹ ਕਿ ਮੈਂ ਭਾਰਤੀ ਕਿਸਾਨਾਂ ਦੀ ਸਫਲਤਾ ਅਤੇ ਪ੍ਰਾਪਤੀਆਂ ਦੇ ਪ੍ਰਭਾਵ ਹੇਠ ਹਾਂ... ਭਾਰਤ ਵਿੱਚ, 2004 ਤੋਂ 2020 ਤੱਕ ਪਿਛਲੇ ਦਹਾਕੇ ਵਿੱਚ ਖੇਤੀਬਾੜੀ ਉਤਪਾਦਨ ਵਿੱਚ 24 ਪ੍ਰਤੀਸ਼ਤ ਦਾ ਵਾਧਾ ਹੋਇਆ ਹੈ। ਇਹ ਸਭ ਲਈ ਇੱਕ ਵੱਡੀ ਪ੍ਰਾਪਤੀ ਹੈ। ਛੋਟੇ ਕਿਸਾਨ, "ਵੋਜਸੀਚੋਵਸਕੀ ਨੇ ਅੱਗੇ ਕਿਹਾ।

ਯੂਰਪੀਅਨ ਯੂਨੀਅਨ ਦੇ ਅਧਿਕਾਰੀ ਨੇ ਭਾਰਤੀ ਕਿਸਾਨਾਂ ਦੇ ਉਨ੍ਹਾਂ ਦੀ ਉਤਪਾਦਕਤਾ ਲਈ ਯੋਗਦਾਨ ਦੀ ਵੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਇਸ ਨਾਲ ਵਿਸ਼ਵਵਿਆਪੀ ਖੁਰਾਕ ਸੁਰੱਖਿਆ ਨੂੰ ਯਕੀਨੀ ਬਣਾਉਣ ਵਿੱਚ ਮਦਦ ਮਿਲੀ ਹੈ।

## ਸਰਕਾਰੀ ਕੰਨਿਆ ਸੀ.ਸੈ. ਸਕੂਲ ਫ਼ਰੀਦਕੋਟ ਦਾ ਸਲਾਨਾ ਇਨਾਮ ਵੰਡ ਸਮਾਗਮ ਅਮਿੱਟ ਯਾਦਾਂ ਛੱਡ ਗਿਆ

### ਮਿਹਨਤ ਅਜਿਹਾ ਹਥਿਆਰ ਹੈ ਸਾਡੇ ਲਈ ਸਫ਼ਲਤਾ ਦੇ ਰਾਹ ਖੋਲਦਾ ਹੈ: ਗੁਰਦਿੱਤ ਸਿੰਘ ਸੇਖੋਂ

ਵਰਲਡ ਪੰਜਾਬੀ ਟਾਈਮਜ਼ ਧਰਮ ਪ੍ਰਵਾਨਾਂ





ਫ਼ਰੀਦਕੋਟ, 9 ਦਸੰਬਰ : ਡਾ. ਮਹਿੰਦਰ ਬਰਾੜ ਸਾਂਭੀ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਫ਼ਰੀਦਕੋਟ ਦਾ ਸਲਾਨਾ ਇਨਾਮ ਵੰਡ ਸਮਾਗਮ ਪ੍ਰਿੰਸੀਪਲ ਭੁਪਿੰਦਰ ਸਿੰਘ ਬਰਾੜ ਦੀ ਯੋਗ ਅਗਵਾਈ ਹੇਠ ਸਕੂਲ ਦੇ ਖੁੱਲ੍ਹੇ ਵਿਹੜੇ 'ਚ ਕਰਵਾਇਆ ਗਿਆ। ਇਸ ਸ਼ਾਨਦਾਰ ਸਮਾਗਮ 'ਚ ਮੁੱਖ ਮਹਿਮਾਨ ਵਜੋਂ ਹਲਕੇ ਦੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਹਾਜ਼ਰ ਹੋਏ। ਸਮਾਗਮ ਦੀ ਪ੍ਰਧਾਨਗੀ ਹਲਕਾ ਵਿਧਾਇਕ ਦੀ ਸੁਪਤਨੀ ਬੀਬੀ ਬੇਅੰਤ ਕੌਰ ਸੇਖੋਂ ਨੇ ਕੀਤੀ। ਸਤਿਕਾਰਿਤ ਮਹਿਮਾਨਾਂ ਵਜੋਂ ਉਪ ਜ਼ਿਲਾ ਸਿੱਖਿਆ ਅਫ਼ਸਰ ਸੈਕੰਡਰੀ ਫ਼ਰੀਦਕੋਟ, ਪ੍ਰਿੰਸੀਪਲ ਦਰਸ਼ਨ ਸਿੰਘ ਬਾਜਾਖਾਨਾ, ਪ੍ਰਿੰਸੀਪਲ ਪ੍ਰਭਜੋਤ ਸਿੰਘ, ਪ੍ਰਿੰਸੀਪਲ ਨਵਦੀਪ ਸ਼ਰਮਾ, ਪ੍ਰਿੰਸੀਪਲ ਗੁਰਜਿੰਦਰ ਸਿੰਘ ਬਰਾੜ ਅਤੇ ਜ਼ਿਲਾ ਨੋਡਲ ਅਫ਼ਸਰ ਵਿੱਦਿਅਕ ਮੁਕਾਬਲੇ ਸੈਕੰਡਰੀ ਸਿੱਖਿਆ ਜਸਬੀਰ ਸਿੰਘ ਜੱਸੀ ਅਤੇ ਪਿੰਦਰ ਕੌਰ ਬਰਾੜ ਮੁੱਖ ਅਧਿਆਪਕਾ ਸਰਕਾਰੀ ਪ੍ਰਾਇਮਰੀ ਸਕੂਲ ਜੀਵਨ ਨਗਰ ਸ਼ਾਮਲ ਹੋਏ। ਵਿਸ਼ੇਸ਼ ਮਹਿਮਾਨਾਂ ਵਜੋਂ ਹੈਂਡਬਾਲ ਕੋਚ ਚਰਨਜੀਵ ਸਿੰਘ ਮਾਈਕਲ, ਕੁਸ਼ਤੀ ਕੋਚ ਖੁਸ਼ਵਿੰਦਰ ਸਿੰਘ, ਭੰਗੜਾ ਕੋਚ/ਕੰਪਿਊਟਰ ਅਧਿਆਪਕ ਹਰਪ੍ਰੀਤ ਸਿੰਘ, ਪ੍ਰਸਿੱਧ ਰੰਗਕਰਮੀ/ਲੈਕਚਰਾਰ ਗਗਨਦੀਪ ਬਾਜਾਖਾਨਾ, ਅੱਛਰ ਸਿੰਘ ਅਤੇ ਸ਼੍ਰੀਮਤੀ ਸ਼ਾਲੂ ਹਾਜ਼ਰ ਹੋਏ। ਇਸ ਮੌਕੇ ਮੁੱਖ ਮਹਿਮਾਨ ਹਲਕਾ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਸਕੂਲ 'ਚ ਹੋਂਹ ਨਵੀਂ ਉਸਾਰੀ, ਬਾਸਕਟਬਾਲ ਗਰਾਊਂਡ ਦੇ ਨਵੀਨੀਕਰਨ ਦਾ ਆਪਣੇ ਕਰ ਕਮਲਾਂ ਨਾਲ ਉਦਘਾਟਨ ਕੀਤਾ ਗਿਆ। ਸਕੂਲ ਦੀਆਂ ਵਿਦਿਆਰਥਣਾਂ ਵਲੋਂ ਬਿਜ਼ਨਸ ਬਲਾਸਟਰ ਅਤੇ ਹੋਮ ਸਾਇੰਸ ਲਗਾਈਆਂ ਪੇਂਟਿੰਗ, ਹੱਥੀ ਤਿਆਰ ਕੀਤੀਆਂ ਕਲਾ ਕ੍ਰਿਤਾਂ ਦੇ ਸਟਾਲਾਂ ਦਾ ਮੁੱਖ ਮਹਿਮਾਨ ਵਲੋਂ ਨਿਰੀਖਣ ਕੀਤਾ ਗਿਆ। ਉਨ੍ਹਾਂ ਵਿਦਿਆਰਥਣਾਂ ਦੀ ਹੌਂਸਲਾ ਅਫ਼ਜ਼ਾਈ ਕਰਦਿਆਂ ਕਿਹਾ ਸਾਨੂੰ ਆਪਣੇ ਹੁਨਰ 'ਚ ਨਿਖਾਰ ਲਿਆ ਕੇ ਆਪਣੇ ਪੈਰ੍ਹਾਂ ਤੇ ਖੜ੍ਹੇ ਹੋਣਾ ਚਾਹੀਦਾ ਹੈ। ਇਸ ਮੌਕੇ ਸ.ਸੇਖੋਂ ਨੇ ਸੰਬੋਧਨ ਕਰਦਿਆ ਕਿਹਾ ਕਿ ਕਾਮਯਾਬੀ ਵਾਸਤੇ ਸਾਨੂੰ ਲਗਾਤਾਰ ਮਿਹਨਤ ਕਰਨੀ ਚਾਹੀਦੀ ਹੈ। ਮਿਹਨਤ ਹਰ ਇਨਸਾਨ ਨੂੰ ਪ੍ਰਮਾਤਾਮਾ ਵੱਲੋਂ ਦਿੱਤਾ ਉਹ ਹਥਿਆਰ ਹੈ ਜੋ ਸਫ਼ਲਤਾ ਦੇ ਰਾਹ ਖੋਲਦਾ ਹੈ। ਉਨ੍ਹਾਂ ਸਕੂਲ ਦੇ ਪ੍ਰਿੰਸੀਪਲ ਭੁਪਿੰਦਰ ਸਿੰਘ ਬਰਾੜ ਤੇ ਉਨ੍ਹਾਂ ਦੀ ਟੀਮ ਸਲਾਨਾ ਇਨਾਮ ਵੰਡ ਸਮਾਗਮ ਦੀ ਵਧਾਈ ਵੀ ਦਿੱਤੀ। ਇਸ ਸਮੇਂ ਸਕੂਲ ਦੀਆਂ ਵਿਦਿਆਰਥਣਾਂ ਅਮਨਦੀਪ ਕੌਰ ਅਤੇ ਗੁਰਵੀਰ ਕੌਰ ਵਲੋਂ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਅਤੇ ਪ੍ਰਿੰਸੀਪਲ ਭੁਪਿੰਦਰ ਸਿੰਘ ਦੇ ਚਿੱਤਰ ਬਣਾ ਕੇ ਉਨ੍ਹਾਂ ਨੂੰ ਭੇਂਟ ਕੀਤੇ ਗਏ। ਪ੍ਰਿੰਸੀਪਲ ਭੁਪਿੰਦਰ ਸਿੰਘ ਨੇ ਸਭ ਨੂੰ ਜੀ ਆਇਆਂ ਨੂੰ ਆਖਦਿਆਂ ਸਕੂਲ ਦੀਆਂ ਪ੍ਰਾਪਤੀਆਂ ਤੇ ਝਾਤ ਪਾਈ। ਇਸ ਮੌਕੇ ਸਕੂਲ ਦੀਆਂ ਵਿਦਿਆਰਥਣਾਂ ਨੇ ਮਨਮੋਹਕ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਦਿਆਂ ਪੰਜਾਬ ਅਤੇ ਭਾਰਤ ਦੇ ਬਹੁਤ ਸਾਰੇ ਲੋਕ ਨਾਚਾਂ ਦੀ ਕਮਾਲ ਦੀ ਪੇਸ਼ਕਾਰੀ ਨਾਲ ਹਾਜ਼ਰੀਨ ਨੂੰ ਵਾਰ-ਵਾਰ ਦਾਦ ਦੇਣ ਲਈ ਮਜ਼ਬੂਰ ਕਰਦਿਆਂ ਸਭ ਨੂੰ ਕਰੀਬ ਪੰਜ ਘੰਟੇ ਤੱਕ ਟਿੱਕ ਕੇ ਬੈਠਾਈ ਰੱਖਿਆ। ਮੰਚ ਸੰਚਾਲਨ ਦੀ ਜ਼ਿੰਮੇਵਾਰੀ ਲੈਕਚਰਾਰ ਪੁਸ਼ਪਦੀਪ ਕੌਰ ਅਤੇ ਲੈਕਚਰਾਰ ਚਰਨਜੀਤ ਕੌਰ ਨੇ ਦਿਲਕਸ਼ ਅੰਦਾਜ 'ਚ ਨਿਭਾਉਂਦਿਆਂ ਪ੍ਰੋਗਰਾਮ ਨੂੰ ਸੁਆਦਲਾ ਬਣਾਈ ਰੱਖਿਆ। ਇਸ ਮੌਕੇ ਬੋਰਡ ਪ੍ਰੀਖਿਆਵਾਂ,ਖੇਡਾਂ, ਸੱਭਿਆਚਾਰਕ ਗਤੀਵਿਧੀਆਂ, ਮੁਕਾਬਲੇਬਾਜ਼ੀ ਦੀਆਂ ਪ੍ਰੀਖਿਆਵਾਂ 'ਚ ਅਹਿਮ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਮੈਡਲਾਂ ਅਤੇ ਸਰਟੀਫ਼ਿਕੇਟਾਂ ਨਾਲ ਤਾੜੀਆਂ ਦੀ ਗੂੰਜ 'ਚ ਸਨਮਾਨਿਤ ਕੀਤਾ ਗਿਆ। ਸਕੂਲ 'ਚ ਚੰਗੀ ਕਾਰਜਗੁਜ਼ਾਰੀ ਦਿਖਾਉਣ ਵਾਲੇ ਅਧਿਆਪਕਾਂ ਨੂੰ ਸਨਮਾਨਿਤ ਕਰਨ ਲਈ ਆਰੰਭ ਕੀਤੀ ਲੜੀ 'ਚ ਇਸ ਵਾਰ ਲੈਕਚਰਾਰ ਸੁਖਜਿੰਦਰ ਸਿੰਘ ਸੁੱਖੀ, ਲੈਕਚਰਾਰ ਅਮਿਤ ਗਰੋਵਰ, ਲੈਕਚਰਾਰ ਸੁਸ਼ੀਲ ਰਾਣੀ, ਪੰਜਾਬੀ ਲੈਕਚਰਾਰ ਚਰਨਜੀਤ ਕੌਰ ਰੋਮਾਣਾ, ਐਸ.ਐਸ.ਮਿਸਟ੍ਰੈਸ ਹਰਜਸਪਾਲ ਕੌਰ, ਐਸ.ਐਸ.ਮਿਸਟ੍ਰੈਸ ਕਮਲਜੀਤ ਕੌਰ, ਪੀ.ਟੀ.ਆਈ ਚਰਨਜੀਤ ਕੌਰ, ਚਰਨਜੀਤ ਕੌਰ, ਮੈਥ ਮਿਸਟ੍ਰੈਸ, ਨਵਨੀਤ ਸ਼ਰਮਾ, ਕੰਪਿਊਟਰ ਟੀਚਰ ਅਮਨਦੀਪ ਕੌਰ, ਸੇਵਾਦਾਰ ਕਮਿੰਦਰਜੀਤ ਕੌਰ, ਸੇਵਾਦਾਰ ਅਮਰਜੀਤ ਕੌਰ ਨੂੰ ਉਚੇਚੇ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਸਮਾਗਮ ਦੌਰਾਨ ਸਕੂਲ ਅੰਦਰ ਵੱਖ-ਵੱਖ ਗਤੀਵਿਧੀਆਂ ਨੂੰ ਸਚਾਰੂ ਢੰਗ ਨਾਲ ਕਰਾਉਣ ਤੇ ਲੈਕਚਰਾਰ ਪੁਸ਼ਪਦੀਪ ਕੌਰ, ਪੰਜਾਬੀ ਅਧਿਆਪਕਾ ਪਵਨਦੀਪ ਕੌਰ, ਅੰਗਰੇਜ਼ੀ ਮਿਸਟ੍ਰੈਸ ਪ੍ਰਭਜੋਤ ਕੌਰ, ਆਰਟ ਐਂਡ ਡਰਾਫ਼ਟ ਟੀਚਰ ਜਸਬੀਰ ਕੌਰ,ਅੰਗਰੇਜ਼ੀ ਮਿਸਟ੍ਰੈਸ ਬਲਜਿੰਦਰ ਕੌਰ, ਕੰਪਿਊਟਰ ਟੀਚਰ ਹਰਪ੍ਰੀਤ ਕੌਰ ਸੋਢੀ ਨੂੰ ਸਨਮਾਨਿਤ ਕੀਤਾ ਗਿਆ। ਇਸ ਸਾਲ ਬਾਰਵੀਂ ਜਮਾਤ 'ਚੋਂ ਸਕੂਲ ਵਿਚ ਪਹਿਲਾ ਸਥਾਨ ਪਾਪਤ ਕਰਨ ਵਾਲੀ ਗੁਰਲਵਲੀਨ ਕੌਰ ਅਤੇ ਮਹਿਕ ਕਟਾਰੀਆਂ ਨੂੰ 7100 -7100 ਰੁਪਏ ਨਗਦ ਰਾਸ਼ੀ ਅਤੇ ਹਰ ਵਿਸ਼ੇ 'ਚੋਂ ਟਾਪਰ ਰਹਿਣ ਵਾਲੀਆਂ ਵਿਦਿਆਰਥਣਾਂ ਨੂੰ 5100 ਰੁਪਏ ਨਗਦ ਰਾਸ਼ੀ ਦੇ ਕੇ ਸਨਮਾਨਿਤ ਕੀਤਾ ਗਿਆ। ਅੰਤ 'ਚ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਲੈਕਚਰਾਰ ਰਾਜਵਿੰਦਰ ਕੌਰ ਵੱਲੋਂ ਕੀਤਾ ਗਿਆ। ਇਸ ਪ੍ਰੋਗਰਾਮ ਦੀ ਸਫ਼ਲਤਾ ਵਾਸਤੇ ਸਕੂਲ ਦੇ ਸਮੁੱਚੇ ਸਟਾਫ਼ ਨੇ ਅਹਿਮ ਯੋਗਦਾਨ ਦਿੱਤਾ।

## ਡੀ.ਡੀ.ਪੀ.ਓ. ਬਲਜਿੰਦਰ ਸਿੰਘ ਗਰੇਵਾਲ ਨੇ ਲਿਆ ਪਿੰਡ ਮਲਕਪੁਰ ਦੇ ਵਿਕਾਸ ਕਾਰਜਾਂ ਦਾ ਜਾਇਜ਼ਾ

ਵਰਲਡ ਪੰਜਾਬੀ ਟਾਈਮਜ਼ ਗੁਰਬਿੰਦਰ ਸਿੰਘ ਰੋਮੀ



ਘਨੌਲੀ, 09 ਦਸੰਬਰ : ਡੀ.ਡੀ.ਪੀ.ਓ. ਬਲਜਿੰਦਰ ਸਿੰਘ ਗਰੇਵਾਲ ਨੇ ਪਿੰਡ ਮਲਕਪੁਰ ਵਿਖੇ ਉਚੇਚੇ ਤੌਰ 'ਤੇ ਪਹੁੰਚ ਕੇ ਪੰਚਾਇਤ ਵੱਲੋਂ ਕਰਵਾਏ ਅਤੇ ਕਰਵਾਏ ਜਾ ਰਹੇ ਕੰਮਾਂ ਦਾ ਮੁਆਇਨਾ ਕੀਤਾ। ਜਿਸ ਦੌਰਾਨ ਉਨ੍ਹਾਂ ਸਰਪੰਚ ਕੁਲਵਿੰਦਰ ਕੌਰ ਸੁਪਤਨੀ ਪਰਮਜੀਤ ਸਿੰਘ ਅਤੇ ਸਮੂਹ ਗ੍ਰਾਮ ਪੰਚਾਇਤ ਦੀ ਖੂਬ ਸ਼ਲਾਘਾ ਕੀਤੀ। ਇਸ ਮੌਕੇ ਸ. ਗਰੇਵਾਲ ਨੇ ਸਕੂਲ ਵਿਚਲਾ ਵਾਟਰ ਰਿਚਾਰਜਿੰਗ ਸਿਸਟਮ ਜਲਦ ਸ਼ੁਰੂ ਕਰਵਾਉਣ ਅਤੇ ਇੱਕ ਪਾਰਕ ਦੇ ਨਿਰਮਾਣ ਬਾਬਤ ਵਿਭਾਗ ਨੂੰ ਹਦਾਇਤਾਂ ਜਾਰੀ ਕੀਤੀਆਂ।

## ਲੁੰਬੀਨੀ ਵਿੱਚ ਸਾਂਝੇ ਸੱਭਿਆਚਾਰ ਅਤੇ ਵਿਰਾਸਤ ਦਾ ਜਸ਼ਨ ਮਨਾਉਣ ਵਾਲੇ ਭਾਰਤ-ਨੇਪਾਲ ਸੱਭਿਆਚਾਰਕ ਉਤਸਵ ਦਾ ਉਦਘਾਟਨ

ਵਰਲਡ ਪੰਜਾਬੀ ਟਾਈਮਜ਼




ਕਾਠਮੰਡੂ [ਨੇਪਾਲ] 9 ਦਸੰਬਰ : ਨੇਪਾਲ ਵਿੱਚ ਭਾਰਤੀ ਦੂਤਾਵਾਸ, ਲੁੰਬੀਨੀ ਵਿਕਾਸ ਟਰੱਸਟ ਅਤੇ ਲੁੰਬੀਨੀ ਬੋਧੀ ਯੂਨੀਵਰਸਿਟੀ ਦੇ ਸਹਿਯੋਗ ਨਾਲ, ਲੁੰਬਨੀ ਵਿੱਚ ਉਦਘਾਟਨੀ ਭਾਰਤ-ਨੇਪਾਲ ਸੱਭਿਆਚਾਰਕ ਉਤਸਵ ਦਾ ਆਯੋਜਨ ਕੀਤਾ ਗਿਆ।

"ਤਿਉਹਾਰ ਨੇ ਬੁੱਧ ਧਰਮ 'ਤੇ ਧਿਆਨ ਕੇਂਦ੍ਰਤ ਕਰਦੇ ਹੋਏ ਭਾਰਤ ਅਤੇ ਨੇਪਾਲ ਦੀ ਅਮੀਰ ਸੱਭਿਆਚਾਰਕ ਵਿਰਾਸਤ ਅਤੇ ਪਰੰਪਰਾਵਾਂ ਨੂੰ ਪ੍ਰਦਰਸ਼ਿਤ ਕੀਤਾ। ਇਸ ਤਿਉਹਾਰ ਵਿੱਚ ਲੱਦਾਖ, ਭਾਰਤ ਵਿੱਚ ਹੇਮਿਸ ਮੱਠ ਦੇ ਭਿਕਸ਼ੂ ਕਲਾਕਾਰਾਂ ਦੁਆਰਾ ਤਿਆਰ ਕੀਤੀ ਗਈ ਇੱਕ ਰੇਤ ਮੰਡਲਾ ਡਰਾਇੰਗ ਕਲਾ ਪ੍ਰਦਰਸ਼ਨੀ, ਦੀਆਂ ਤਸਵੀਰਾਂ 'ਤੇ ਆਧਾਰਿਤ ਇੱਕ ਫੋਟੋ ਪ੍ਰਦਰਸ਼ਨੀ ਦਿਖਾਈ ਗਈ। ਮਸ਼ਹੂਰ ਫੋਟੋਗ੍ਰਾਫਰ ਬੇਨੋਏ ਬਹਿਲ, ਭਾਰਤੀ ਅਤੇ ਨੇਪਾਲੀ ਪਕਵਾਨਾਂ ਦੀ ਵਿਸ਼ੇਸ਼ਤਾ ਵਾਲਾ ਇੱਕ ਸਟ੍ਰੀਟ ਫੂਡ ਫੈਸਟੀਵਲ, ਅਤੇ ਇੱਕ ਸੱਭਿਆਚਾਰਕ ਪ੍ਰੋਗਰਾਮ, "ਭਾਰਤੀ ਦੂਤਾਵਾਸ ਤੋਂ ਜਾਰੀ ਇੱਕ ਬਿਆਨ ਵਿੱਚ ਕਿਹਾ ਗਿਆ ਹੈ।

ਸ਼ਨੀਵਾਰ ਨੂੰ ਨੇਪਾਲ ਵਿੱਚ ਭਾਰਤ ਦੇ ਰਾਜਦੂਤ ਨਵੀਨ ਸ਼੍ਰੀਵਾਸਤਵ, ਨੇਪਾਲ ਦੇ ਸੱਭਿਆਚਾਰਕ, ਸੈਰ-ਸਪਾਟਾ ਅਤੇ ਸ਼ਹਿਰੀ ਹਵਾਬਾਜ਼ੀ ਮੰਤਰੀ ਸੁਦਨ ਕਿਰਤੀ ਅਤੇ ਲੁੰਬੀਨੀ ਸੂਬੇ ਦੇ ਮੁੱਖ ਮੰਤਰੀ ਦਿਲੀ ਬਹਾਦਰ ਚੌਧਰੀ ਨੇ ਸਾਂਝੇ ਤੌਰ 'ਤੇ ਇਸ ਤਿਉਹਾਰ ਦਾ ਉਦਘਾਟਨ ਕੀਤਾ।

ਉਦਘਾਟਨੀ ਸਮਾਰੋਹ ਵਿੱਚ ਇੱਕ ਫੋਟੋ ਪ੍ਰਦਰਸ਼ਨੀ ਦਾ ਉਦਘਾਟਨ ਵੀ ਸ਼ਾਮਲ ਸੀ, ਜਿਸ ਵਿੱਚ ਬੋਧੀ ਵਿਰਾਸਤੀ ਸਥਾਨਾਂ ਦੀਆਂ ਸ਼ਾਨਦਾਰ ਤਸਵੀਰਾਂ ਦਾ ਸੰਗ੍ਰਹਿ ਦਿਖਾਇਆ ਗਿਆ ਸੀ।

ਪ੍ਰਦਰਸ਼ਨੀ ਨੇ ਪੁਰਾਣੇ ਸਮਿਆਂ ਤੋਂ ਲੈ ਕੇ ਅੱਜ ਤੱਕ ਬੁੱਧ ਧਰਮ ਦੇ ਸਮਾਰਕਾਂ ਅਤੇ ਕਲਾ ਵਿਰਾਸਤ ਦਾ ਇੱਕ ਵਿਆਪਕ ਦ੍ਰਿਸ਼ਟੀਕੋਣ ਪ੍ਰਦਾਨ ਕੀਤਾ। ਬਾਅਦ ਵਿੱਚ, ਰਾਜਦੂਤ ਸ਼੍ਰੀਵਾਸਤਵ, ਮੰਤਰੀ ਕੀਰਤੀ ਅਤੇ ਮੁੱਖ ਮੰਤਰੀ ਚੌਧਰੀ ਨੇ ਸਾਂਝੇ ਤੌਰ 'ਤੇ ਰੇਤ ਮੰਡਲੀ ਡਰਾਇੰਗ ਕਲਾ ਪ੍ਰਦਰਸ਼ਨੀ ਦਾ ਉਦਘਾਟਨ ਕੀਤਾ।

ਰੇਤ ਮੰਡਲਾ ਡਰਾਇੰਗ ਇੱਕ ਰਵਾਇਤੀ ਬੋਧੀ ਕਲਾ ਰੂਪ ਹੈ ਜਿਸ ਵਿੱਚ ਰੰਗੀਨ ਰੇਤ ਦੀ ਵਰਤੋਂ ਕਰਕੇ ਗੁੰਝਲਦਾਰ ਡਿਜ਼ਾਈਨ ਬਣਾਉਣਾ ਸ਼ਾਮਲ ਹੈ। ਪ੍ਰਦਰਸ਼ਨੀ ਵਿੱਚ ਹੇਮਿਸ ਮੱਠ, ਲੱਦਾਖ, ਭਾਰਤ ਦੇ ਭਿਕਸ਼ੂ ਕਲਾਕਾਰਾਂ ਦੇ ਹੁਨਰ ਅਤੇ ਕਾਰੀਗਰੀ ਨੂੰ ਪ੍ਰਦਰਸ਼ਿਤ ਕੀਤਾ ਗਿਆ।

8 ਦਸੰਬਰ ਦੀ ਸ਼ਾਮ ਨੂੰ ਭਾਰਤ ਅਤੇ ਨੇਪਾਲ ਦੇ ਕਲਾਕਾਰਾਂ ਦੁਆਰਾ ਪੇਸ਼ਕਾਰੀ ਵਾਲੇ ਇੱਕ ਜੀਵੰਤ ਸੱਭਿਆਚਾਰਕ ਪ੍ਰੋਗਰਾਮ ਦੁਆਰਾ ਚਿੰਨ੍ਹਿਤ ਕੀਤਾ ਗਿਆ ਸੀ।

## ਮੁੱਖ ਮੰਤਰੀ ਵੱਲੋਂ ਪੰਜਾਬ ਨੂੰ ਦੇਸ਼ ਦਾ ਮੋਹਰੀ ਸੂਬਾ ਬਣਾਉਣ ਲਈ ਲੋਕਾਂ ਨੂੰ ਮੋਢੇ ਨਾਲ ਮੋਢਾ ਜੋੜ ਕੇ ਸਹਿਯੋਗ ਦੇਣ ਦਾ ਸੱਦਾ

### ਫਰੀਦਕੋਟ ਵਿਖੇ ਜੱਚਾ-ਬੱਚਾ ਕੇਂਦਰ ਲੋਕਾਂ ਨੂੰ ਸਮਰਪਿਤ

### ਨਵੇਂ ਭਰਤੀ 250 ਨਰਸਿੰਗ ਅਫਸਰਾਂ ਨੂੰ ਨਿਯੁਕਤੀ ਪੱਤਰ ਸੌਂਪੇ

ਵਰਲਡ ਪੰਜਾਬੀ ਟਾਈਮਜ਼ ਧਰਮ ਪ੍ਰਵਾਨਾਂ

ਫਰੀਦਕੋਟ, 9 ਦਸੰਬਰ : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੰਜਾਬ ਵਿੱਚ ਸਮਾਜਿਕ ਅਲਾਮਤਾਂ ਨੂੰ ਜੜ੍ਹੋਂ ਪੁੱਟ ਕੇ ਦੇਸ਼ ਦਾ ਮੋਹਰੀ ਸੂਬਾ ਬਣਾਉਣ ਲਈ ਪੰਜਾਬ ਵਾਸੀਆਂ ਨੂੰ ਮੋਢਾ ਨਾਲ ਮੋਢਾ ਜੋੜ ਕੇ ਸਹਿਯੋਗ ਕਰਨ ਦਾ ਸੱਦਾ ਦਿੱਤਾ। ਅੱਜ ਇੱਥੇ ਜੱਚਾ-ਬੱਚਾ ਕੇਂਦਰ ਦਾ ਉਦਘਾਟਨ ਅਤੇ 250 ਨਰਸਿੰਗ ਅਫਸਰਾਂ ਨੂੰ ਨਿਯੁਕਤੀ ਪੱਤਰ ਸੌਂਪਣ ਤੋਂ ਬਾਅਦ ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਜ਼ ਵਿਖੇ ਸਮਾਗਮ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬੀਆਂ ਨੂੰ ਆਪਣੀ ਪਸੰਦ ਦੇ ਹਰ ਖੇਤਰ ਵਿੱਚ ਮੱਲਾਂ ਮਾਰਨ ਦਾ ਅਦੁੱਤੀ ਜਜ਼ਬਾ ਦੀ ਬਖਸ਼ਿਸ਼ ਹਾਸਲ ਹੈ। ਉਨ੍ਹਾਂ ਕਿਹਾ ਕਿ ਏਸੇ ਕਾਰਨ ਪੰਜਾਬੀਆਂ ਨੇ ਆਪਣੀ ਮਿਹਨਤ ਅਤੇ ਲਗਨ ਨਾਲ ਦੁਨੀਆ ਭਰ ਵਿੱਚ ਆਪਣੀ ਕਾਬਲੀਅਤ ਦਾ ਸਬੂਤ ਦਿੱਤਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਜਦੋਂ ਪੰਜਾਬੀਆਂ ਨੂੰ ਸੂਬੇ ਵਿੱਚੋਂ ਸਮਾਜਿਕ ਬੁਰਾਈਆਂ ਦੇ ਕੋਹੜ ਨੂੰ ਖਤਮ ਕਰਨ ਲਈ ਰਲ-ਮਿਲ ਕੇ ਹੰਭਲਾ ਮਾਰਨਾ ਚਾਹੀਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬੀ ਜਨਮ ਤੋਂ ਹੀ ਉੱਦਮੀ ਅਤੇ ਰਹਿਨੁਮਾਈ ਕਰਨ ਵਾਲੇ ਹੁੰਦੇ ਹਨ ਜਿਸ ਕਰਕੇ ਉਨ੍ਹਾਂ ਨੇ ਵਿਸ਼ਵ ਭਰ ਵਿੱਚ ਹਰ ਖੇਤਰ ਵਿੱਚ ਮੁਕਾਮ ਹਾਸਲ ਕੀਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬੀਆਂ ਦੀ ਮਿਹਨਤ ਅਤੇ ਲਗਨ ਦਾ ਕੋਈ ਸਾਨੀ ਨਹੀਂ ਜਿਸ ਸਦਕਾ ਉਹ ਹਰ ਖੇਤਰ ਵਿੱਚ ਆਪਣੀ ਵਿਲੱਖਣਤਾ ਕਾਇਮ ਕਰਦੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਰਕਾਰ ਸੂਬੇ ਦੀ ਤਰੱਕੀ ਲਈ ਇਸ ਭਾਵਨਾ ਨੂੰ ਸਹੀ ਅਰਥਾਂ ਵਿੱਚ ਅਮਲ ਵਿੱਚ ਲਿਆਉਣ ਅਤੇ 'ਰੰਗਲਾ ਪੰਜਾਬ' ਸਿਰਜਣ ਲਈ ਹਰ ਸੰਭਵ ਯਤਨ ਕਰ ਰਹੀ ਹੈ।




ਮੁੱਖ ਮੰਤਰੀ ਨੇ ਕਿਹਾ ਕਿ ਇਹ ਸਾਡੇ ਸਾਰਿਆਂ ਲਈ ਮਾਣ ਤੇ ਤਸੱਲੀ ਵਾਲੀ ਗੱਲ ਹੈ ਕਿ ਹਾਲ ਹੀ ਵਿੱਚ ਏਸ਼ਿਆਈ ਖੇਡਾਂ ਵਿੱਚ ਸੋਨ ਤਮਗਾ ਜਿੱਤਣ ਵਾਲੇ ਭਾਰਤੀ ਹਾਕੀ ਟੀਮ ਦੇ 10 ਖਿਡਾਰੀ ਪੰਜਾਬ ਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਵਿੱਚ ਖੇਡਾਂ ਨੂੰ ਪ੍ਰਫੁੱਲਤ ਕਰਨ 'ਤੇ ਵੱਡਾ ਜ਼ੋਰ ਦਿੱਤਾ ਹੈ ਜਿਸ ਨਾਲ ਨੌਜਵਾਨਾਂ ਦੀ ਬੇਅੰਤ ਊਰਜਾ ਨੂੰ ਸਕਾਰਾਤਮਕ ਦਿਸ਼ਾ ਵੱਲ ਲਾਇਆ ਜਾ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸੇ ਦਾ ਨਤੀਜਾ ਹੈ ਕਿ ਪੰਜਾਬੀਆਂ ਨੇ ਹਾਲ ਹੀ ਵਿੱਚ ਸਮਾਪਤ ਹੋਈਆਂ ਏਸ਼ੀਅਨ ਖੇਡਾਂ ਵਿੱਚ 19 ਤਗਮੇ ਜਿੱਤੇ ਹਨ, ਜੋ ਕਿ ਏਸ਼ੀਆਡ ਦੀ ਸ਼ੁਰੂਆਤ ਤੋਂ ਹੁਣ ਤੱਕ ਜਿੱਤੇ ਗਏ ਸਭ ਤੋਂ ਵੱਧ ਤਗਮੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਉਹ ਬਾਬਾ ਸ਼ੇਖ ਫਰੀਦ ਜੀ ਦੀ ਪਵਿੱਤਰ ਧਰਤੀ 'ਤੇ ਇਸ ਸਮਾਗਮ ਦਾ ਹਿੱਸਾ ਬਣ ਕੇ ਖੁਸ਼ ਹਨ। ਉਨ੍ਹਾਂ ਕਿਹਾ ਕਿ ਬਾਬਾ ਫਰੀਦ ਜੀ ਦਾ ਜੀਵਨ ਅਤੇ ਫਲਸਫਾ ਅਜੋਕੇ ਪਦਾਰਥਵਾਦੀ ਸਮਾਜ ਵਿੱਚ ਬਹੁਤ ਪ੍ਰਸੰਗਿਕ ਹੈ। ਉਨ੍ਹਾਂ ਕਿਹਾ ਕਿ ਬਾਬਾ ਫ਼ਰੀਦ ਜੀ ਦੀਆਂ ਸਿੱਖਿਆਵਾਂ ਆਉਣ ਵਾਲੀਆਂ ਪੀੜ੍ਹੀਆਂ ਲਈ ਪੂਰੀ ਲਗਨ ਅਤੇ ਸ਼ਿੱਦਤ ਨਾਲ ਮਨੁੱਖਤਾ ਦੀ ਸੇਵਾ ਕਰਨ ਲਈ ਪ੍ਰੇਰਿਤ ਕਰਦੀਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹਰ ਸਾਲ ਬਾਬਾ ਫਰੀਦ ਆਗਮਨ ਪੁਰਬ ਮੇਲੇ ਵਿੱਚ ਸਮਾਜ ਦੇ ਹਰ ਵਰਗ ਦੇ ਲੋਕ ਪੂਰੀ ਧਾਰਮਿਕ ਭਾਵਨਾ ਅਤੇ ਧੂਮ-ਧਾਮ ਨਾਲ ਸ਼ਿਰਕਤ ਕਰਦੇ ਹਨ।

ਇਸ ਦੌਰਾਨ ਮੁੱਖ ਮੰਤਰੀ ਨੇ ਉਮੀਦ ਪ੍ਰਗਟਾਈ ਕੀਤੀ ਕਿ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਅੱਜ ਜੱਚਾ-ਬੱਚਾ ਕੇਂਦਰ ਲੋਕਾਂ ਨੂੰ ਸਮਰਪਿਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਨਵਾਂ ਬਣਿਆ ਹਸਪਤਾਲ ਗਰਭਵਤੀ ਔਰਤਾਂ ਅਤੇ ਨਵਜੰਮੇ ਬੱਚਿਆਂ ਨੂੰ ਚੰਗੀਆਂ ਸਿਹਤ ਸੇਵਾਵਾਂ ਮੁਹੱਈਆ ਕਰਨ ਲਈ ਬਹੁਤ ਸਹਾਈ ਸਿੱਧ ਹੋਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਕਦਮ ਦਾ ਉਦੇਸ਼ ਲੋਕਾਂ ਨੂੰ ਇਨ੍ਹਾਂ ਹਸਪਤਾਲਾਂ ਵਿੱਚ ਚੰਗਾ ਇਲਾਜ ਦੇਣਾ ਹੈ।

ਮੁੱਖ ਮੰਤਰੀ ਨੇ ਨਵ-ਨਿਯੁਕਤ 250 ਨਰਸਿੰਗ ਅਫ਼ਸਰਾਂ ਨੂੰ ਵਧਾਈ ਦਿੰਦਿਆਂ ਮਿਸ਼ਨਰੀ ਭਾਵਨਾ ਨਾਲ ਲੋਕਾਂ ਦੀ ਸੇਵਾ ਕਰਨ ਲਈ ਪ੍ਰੇਰਿਆ ਕਿਉਂਕਿ ਹੁਣ ਉਹ ਸਰਕਾਰ ਦਾ ਅਨਿੱਖੜਵਾਂ ਅੰਗ ਬਣ ਚੁੱਕੇ ਹਨ। ਭਗਵੰਤ ਸਿੰਘ ਮਾਨ ਨੇ ਉਮੀਦ ਪ੍ਰਗਟਾਈ ਕਿ ਨਵੇਂ ਭਰਤੀ ਹੋਣ ਵਾਲੇ ਨੌਜਵਾਨ ਆਪਣੀ ਨੌਕਰੀ ਦੌਰਾਨ ਸਮਾਜ ਦੇ ਲੋੜਵੰਦ ਅਤੇ ਪੱਛੜੇ ਵਰਗਾਂ ਦੀ ਮਦਦ ਕਰਨਗੇ। ਉਨ੍ਹਾਂ ਕਿਹਾ ਕਿ ਨਵੇਂ ਭਰਤੀ ਹੋਏ ਨੌਜਵਾਨਾਂ ਨੂੰ ਵੱਧ ਤੋਂ ਵੱਧ ਲੋਕਾਂ ਦੀ ਭਲਾਈ ਯਕੀਨੀ ਬਣਾਉਣੀ ਚਾਹੀਦੀ ਹੈ ਤਾਂ ਜੋ ਸਮਾਜ ਦੇ ਹਰ ਵਰਗ ਨੂੰ ਇਸ ਦਾ ਲਾਭ ਮਿਲ ਸਕੇ।

ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੀ ਬੇਰੁਖੀ ਕਾਰਨ ਸੂਬੇ ਦੇ ਨੌਜਵਾਨਾਂ ਲਈ ਸਰਕਾਰੀ ਨੌਕਰੀਆਂ ਪਹਿਲਾਂ 'ਅਸੰਭਵ ਹੋਣ' ਵਰਗਾ ਸੀ ਜਦਕਿ ਉਨ੍ਹਾਂ ਦੀ ਸਰਕਾਰ ਨੇ ਨੌਜਵਾਨਾਂ ਨੂੰ ਯੋਗਤਾ ਤੇ ਮੈਰਿਟ ਅਨੁਸਾਰ ਅਨੁਸਾਰ ਨੌਕਰੀਆਂ ਦੇਣ ਲਈ ਪਾਰਦਰਸ਼ੀ ਵਿਧੀ ਤਿਆਰ ਕੀਤੀ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵਿੱਚ ਲੋਕਾਂ ਦੀ ਸਹੀ ਮਾਅਨਿਆਂ ਵਿੱਚ ਸੇਵਾ ਕਰਨ ਦੀ ਵਚਨਬੱਧਤਾ ਅਤੇ ਜਜ਼ਬੇ ਦੀ ਘਾਟ ਹੈ, ਜਿਸ ਕਾਰਨ ਇਹ ਨੌਕਰੀਆਂ ਨੌਜਵਾਨਾਂ ਹਾਸਲ ਨਹੀਂ ਸਨ ਕਰ ਪਾਉਂਦੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਬਣਨ ਤੋਂ ਲੈ ਕੇ ਹੁਣ ਤੱਕ ਦੇ ਸਮੇਂ ਅੰਦਰ ਯੋਗ ਨੌਜਵਾਨਾਂ ਨੂੰ 37000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਜਿਹੜੇ ਨੌਜਵਾਨ ਅਜੇ ਵੀ ਸਰਕਾਰੀ ਨੌਕਰੀਆਂ ਲਈ ਇਮਤਿਹਾਨ ਪਾਸ ਨਹੀਂ ਕਰ ਸਕੇ ਹਨ, ਉਨ੍ਹਾਂ ਨੂੰ ਹੌਂਸਲਾ ਨਹੀਂ ਹਾਰਨਾ ਚਾਹੀਦਾ ਅਤੇ ਸਖ਼ਤ ਮਿਹਨਤ ਕਰਦੇ ਰਹਿਣਾ ਚਾਹੀਦਾ ਹੈ ਕਿਉਂਕਿ ਹਜ਼ਾਰਾਂ ਸਰਕਾਰੀ ਨੌਕਰੀਆਂ ਲਈ ਭਰਤੀ ਪ੍ਰਕਿਰਿਆ ਜਾਰੀ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਲੋਕਾਂ ਨੂੰ ਇਹ ਨੌਕਰੀਆਂ ਮਿਲੀਆਂ ਹਨ, ਉਨ੍ਹਾਂ ਨੂੰ ਇਸ ਨੌਕਰੀ ਉਤੇ ਹੀ ਸੰਤੁਸ਼ਟ ਨਹੀਂ ਹੋ ਜਾਣਾ ਚਾਹੀਦਾ ਸਗੋਂ ਹੋਰ ਬਿਹਤਰ ਮੌਕੇ ਹਾਸਲ ਕਰਨ ਲਈ ਸਖ਼ਤ ਮਿਹਨਤ ਕਰਨੀ ਚਾਹੀਦੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਨੌਜਵਾਨਾਂ ਦੀ ਨਾ ਤਾਂ ਇਹ ਪਹਿਲੀ ਸਰਕਾਰੀ ਨੌਕਰੀ ਹੋਣੀ ਚਾਹੀਦੀ ਹੈ ਅਤੇ ਨਾ ਹੀ ਇਹ ਆਖਰੀ ਹੋਣੀ ਚਾਹੀਦੀ ਹੈ ਕਿਉਂਕਿ ਸੂਬੇ ਦੇ ਮਿਹਨਤੀ ਨੌਜਵਾਨਾਂ ਲਈ ਅਸੀਮ ਮੌਕੇ ਹਨ।

ਮੁੱਖ ਮੰਤਰੀ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਪ੍ਰਾਪਤੀ 'ਤੇ ਮਾਣ ਨਾ ਕਰਨ ਸਗੋਂ ਨਿਮਰ ਹੋ ਕੇ ਕੰਮ ਕਰਨ ਅਤੇ ਹੋਰ ਸਫਲਤਾ ਲਈ ਮਿਹਨਤ ਕਰਨ। ਉਨ੍ਹਾਂ ਕਿਹਾ ਕਿ ਆਤਮ-ਵਿਸ਼ਵਾਸ ਅਤੇ ਸਕਾਰਾਤਮਕ ਸੋਚ ਹਰ ਵਿਅਕਤੀ ਦੀ ਸ਼ਖ਼ਸੀਅਤ ਦੇ ਮੂਲ ਗੁਣ ਹੋਣੇ ਚਾਹੀਦੇ ਹਨ ਪਰ ਇਸ ਵਿੱਚ ਕੋਈ ਹੰਕਾਰ ਨਹੀਂ ਹੋਣਾ ਚਾਹੀਦਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹਰ ਖੇਤਰ ਵਿੱਚ ਸਫ਼ਲਤਾ ਹਾਸਲ ਕਰਨ ਲਈ ਇਹੀ ਕੁੰਜੀ ਹੈ ਅਤੇ ਇਸ ਨੂੰ ਸਹੀ ਮਾਅਨਿਆਂ ਵਿੱਚ ਲਾਗੂ ਕਰਨਾ ਚਾਹੀਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਅਤੇ ਲੋਕਾਂ ਦੀ ਖੁਸ਼ਹਾਲੀ ਲਈ ਵਚਨਬੱਧ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਤਾਂ ਜੋ ਪੰਜਾਬ ਦੇਸ਼ ਵਿੱਚ ਮੋਹਰੀ ਸੂਬਾ ਬਣ ਕੇ ਉੱਭਰ ਸਕੇ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਪਹਿਲਾਂ ਹੀ ਕਈ ਲੋਕ ਪੱਖੀ ਅਤੇ ਵਿਕਾਸ ਮੁਖੀ ਨੀਤੀਆਂ ਦੀ ਸ਼ੁਰੂਆਤ ਕਰਦਿਆਂ ਕਈ ਵੱਡੇ ਉਪਰਾਲੇ ਕੀਤੇ ਹਨ।

ਸਪੀਕਰ ਪੰਜਾਬ ਵਿਧਾਨ ਸਭਾ ਸ. ਕੁਲਤਾਰ ਸਿੰਘ ਸੰਧਵਾਂ ਨੇ ਇਸ ਮੌਕੇ ਕਿਹਾ ਕਿ ਪੰਜਾਬ ਸਰਕਾਰ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਵਿੱਚ ਹਰ ਸੰਭਵ ਉਪਰਾਲਾ ਕਰ ਰਹੀ ਹੈ।

ਸਿਹਤ ਮੰਤਰੀ ਡਾ. ਬਲਵੀਰ ਸਿੰਘ ਨੇ ਇਸ ਮੌਕੇ ਮੁੱਖ ਮੰਤਰੀ ਪੰਜਾਬ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਸ. ਭਗਵੰਤ ਮਾਨ ਦੀ ਮਿਹਨਤ ਸਦਕਾ ਪੰਜਾਬ ਉਚਾਈਆਂ ਵੱਲ ਜਾ ਰਿਹਾ ਹੈ।

ਕੈਬਨਿਟ ਮੰਤਰੀ ਡਾ.ਬਲਜੀਤ ਕੌਰ ਨੇ ਇਸ ਮੌਕੇ ਆਪਣਾ ਤਜਰਬਾ ਸਾਂਝਾ ਕਰਦਿਆਂ ਕਿਹਾ ਕਿ ਉਹ ਆਪ ਵੀ ਇਸ ਯੂਨੀਵਰਸਿਟੀ ਦੇ ਵਿਦਿਆਰਥਣ ਰਹੇ ਹਨ ਅਤੇ ਅੱਜ ਇੱਥੇ ਪਹੁੰਚ ਕੇ ਉਹ ਬਹੁਤ ਖੁਸ਼ੀ ਮਹਿਸੂਸ ਕਰ ਰਹੇ ਹਨ।

ਇਸ ਮੌਕੇ ਐਮ.ਐਲ.ਏ ਫਰੀਦਕੋਟ ਸ. ਗੁਰਦਿੱਤ ਸਿੰਘ ਸੇਖੋਂ, ਐਮ.ਐਲ.ਏ ਜੈਤੋ . ਅਮੋਲਕ ਸਿੰਘ,ਐਮ.ਐਲ.ਏ ਮੋਗਾ ਡਾ.ਅਮਨਦੀਪ ਅਰੋੜਾ, ਵਾਈਸ ਚਾਂਸਲਰ ਡਾ. ਰਾਜੀਵ ਸੂਦ,ਡਿਪਟੀ ਕਮਿਸ਼ਨਰ ਫਰੀਦਕੋਟ ਸ਼੍ਰੀ ਵਿਨੀਤ ਕੁਮਾਰ ,ਐਸਐਸਪੀ ਸ. ਹਰਜੀਤ ਸਿੰਘ,ਸਿਵਲ ਸਰਜਨ ਸ਼੍ਰੀ ਅਨਿਲ ਗੋਇਲ, ਵਧੀਕ ਡਿਪਟੀ ਕਮਿਸ਼ਨਰ ਨਰਭਿੰਦਰ ਸਿੰਘ ਗਰੇਵਾਲ,ਐਸ.ਡੀ.ਐਮ ਫਰੀਦਕੋਟ ਸ਼੍ਰੀ ਵਰੁਣ ਕੁਮਾਰ, ਚੇਅਰਮੈਨ ਪਲੈਨਿੰਗ ਬੋਰਡ ਸ. ਸੁਖਜੀਤ ਸਿੰਘ ਢਿਲਵਾਂ, ਚੇਅਰਮੈਨ ਇੰਪਰੂਵਮੈਂਟ ਟਰੱਸਟ ਸ.ਗੁਰਤੇਜ ਸਿੰਘ ਖੋਸਾ, ਜਿਲਾ ਸਿੱਖਿਆ ਅਫਸਰ ਸ਼੍ਰੀ ਮੇਵਾ ਸਿੰਘ, ਜਿਲਾ ਲੋਕ ਸੰਪਰਕ ਅਫਸਰ ਸ. ਗੁਰਦੀਪ ਸਿੰਘ ਮਾਨ, ਐਸ.ਐਮ.ਓ ਡਾ. ਚੰਦਰਸ਼ੇਖਰ ਕੱਕੜ, ਗਗਨਦੀਪ ਸਿੰਘ ਧਾਲੀਵਾਲ ਯੂਥ ਵਿੰਗ ਪ੍ਰਧਾਨ ਹਾਜਰ ਸਨ।